1/52460/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਸੂਬਾ ਸਰਕਾਰ

ਵੱਲੋਂ ਕੀਤੇ ਜਾ ਰਹੇ ਹਨ ਉਪਰਾਲੇ-ਡਿਪਟੀ ਕਮਿਸ਼ਨਰ

ਘਰ-ਘਰ ਰੋਜ਼ਗਾਰ ਮਿਸ਼ਨ ਤਹਿਤ ਕੋਵਿਡ-19 ਦੌਰਾਨ 3129 ਪ੍ਰਾਰਥੀਆਂ ਨੇ

ਆਨਲਾਈਨ ਰਜਿਸਟਰੇਸ਼ਨ ਕਰਵਾਈ

ਫ਼ਾਜ਼ਿਲਕਾ, 21 ਜੁਲਾਈ

ਬੇਰੋਜਗਾਰ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਸੂਬਾ ਸਰਕਾਰ ਵੱਲੋਂ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ’ਤੇ ਨੌਜਵਾਨਾਂ ਨੂੰ ਰੋਜਗਾਰ ਦੇ ਅਵਸਰ ਦੇਣ ਲਈ ਰੋਜਗਾਰ ਮੇਲੇ ਲਗਾਏ ਜਾ ਰਹੇ ਹਨ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ। ਉਨਾਂ ਦੱਸਿਆ ਕਿ ਪੰਜਾਬ ਘਰ-ਘਰ ਰੋਜ਼ਗਾਰ ਮਿਸ਼ਨ ਪੋਰਟਲ .71.3 ’ਤੇ ਕੋਵਿਡ ਦੌਰਾਨ 3129 ਪ੍ਰਾਰਥੀਆਂ ਨੇ ਆਨਲਾਈਨ ਰਜਿਸਟਰੇਸ਼ਨ ਕਰਵਾਈ ਹੈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਹਾਜਰ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਉਹ ਆਪਣੇ ਵਿਭਾਗ ਵਿਖੇ ਚਲਾਈਆਂ ਜਾ ਰਹੀਆਂ ਸਕੀਮਾਂ ਤੇ ਯੋਜਨਾਂਵਾਂ ਰਾਹੀਂ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਏ ਜਾਣ। ਉਨਾਂ ਕਿਹਾ ਕਿ ਸੂਬਾ ਸਰਕਾਰ ਦਾ ਮੰਤਵ ਕਿਸੇ ਨੂੰ ਵੀ ਰੋਜ਼ਗਾਰ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇ। ਉਨਾਂ ਕਿਹਾ ਕਿ ਰੋਜ਼ਗਾਰ ਦੇ ਨਾਲ-ਨਾਲ ਸਵੈ-ਰੋਜ਼ਗਾਰ ਦੇ ਮੌਕੇ ਵੀ ਪੈਦਾ ਕੀਤੇ ਜਾਣਗੇ ਤਾਂ ਜੋ ਨੌਜਵਾਨ ਆਪਣੇ ਪੈਰਾਂ ’ਤੇ ਖੜਾ ਹੋ ਸਕੇ ਤੇ ਕਾਬਲ ਬਣ ਸਕੇ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਦੱਸਿਆ ਕਿ ਬੇਰੋਜਗਾਰੀ ਨੂੰ ਖਤਮ ਕਰਨ ਲਈ ਸਰਕਾਰ ਦੇ ਆਦੇਸ਼ਾਂ ਮੁਤਾਬਕ ਜ਼ਿਲੇ ਅੰਦਰ 24 ਸਤੰਬਰ ਤੋਂ 30 ਸਤੰਬਰ ਤੱਕ ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਇਨਾਂ ਮੇਲਿਆਂ ਦੌਰਾਨ ਫਿਜੀਕਲ ਤੇ ਡਿਜੀਟਲ ਸਾਧਨਾਂ ਰਾਹੀਂ ਪ੍ਰਾਰਥੀਆਂ ਦੀ ਯੋਗਤਾ ਦੇ ਆਧਾਰ ’ਤੇ ਇੰਟਰਵਿਊ ਕਰਵਾਈ ਜਾਵੇਗੀ। ਉਨਾਂ ਜ਼ਿਲੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਨਾਂ ਮੇਲਿਆਂ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ ਅਤੇ ਰੋਜ਼ਗਾਰ ਪ੍ਰਾਪਤ ਕੀਤਾ ਜਾਵੇ। ਇਸ ਤੋਂ ਇਲਾਵਾ ਉਨਾਂ ਸਮੂਹ ਵਿਭਾਗੀ ਮੁਖੀਆਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਦਫਤਰ ਵਿਖੇ ਕੋਰੋਨਾ ਵਾਇਰਸ ਤੋਂ ਬਚਣ ਦੀਆਂ ਸਾਵਧਾਨੀਆਂ ਦੀ ਵਰਤੋਂ ਕਰਨ ਮਾਸਕ ਲਾਜ਼ਮੀ ਪਾਉਣ, ਆਪਸ ਵਿਚ ਸਮਾਜਿਕ ਦੂਰੀ ਬਣਾ ਕੇ ਬੈਠਣ ਅਤੇ ਹੈਂਡ ਸੈਨੇਟਾਈਜਰ ਦੀ ਵਰਤੋਂ ਯਕੀਨੀ ਬਣਾਉਣ।

ਇਸ ਮੌਕੇ ਸਹਾਇਕ ਕਮਿਸ਼ਨਰ ਕੰਵਰਜੀਤ ਸਿੰਘ, ਜ਼ਿਲਾ ਰੋਜਗਾਰ ਅਫਸਰ ਸ੍ਰੀ ਿਸ਼ਨ ਲਾਲ, ਪਲੇਸਮੈਂਟ ਅਫਸਰ ਰਾਜ ਸਿੰਘ, ਕੈਰੀਅਰ ਕਾਉਂਸਲਰ ਸੁਖਵਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।

1/52511 /2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਡਿਪਟੀ ਕਮਿਸ਼ਨਰ ਨੇ ਡਾਕਟਰਾਂ, ਪੁਲਿਸ ਕਰਮੀਆਂ ਅਤੇ ਹੋਰ ਅਧਿਕਾਰੀ ਨੂੰ ਸਮਰਪਿਤ

“ਹੈ ਕਰੋਨਾ ਨੂੰ ਹਰਾਨਾ” ਗਾਣਾ ਕੀਤਾ ਰਿਲੀਜ਼

* ਕੋਰੋਨਾ ਖਿਲਾਫ ਤਨਦੇਹੀ ਨਾਲ ਡਿਊਟੀ ਕਰ ਰਹੇ ਅਧਿਕਾਰੀਆਂ
ਅੰਦਰ ਗੀਤ ਰਾਹੀਂ ਆਵੇਗਾ ਹੋਰ ਉਤਸ਼ਾਹ

ਫ਼ਾਜ਼ਿਲਕਾ, 21 ਜੁਲਾਈ

ਕੋਰੋਨਾ ਵਾਇਰਸ ਦੇ ਸਕੰਟ ਨਾਲ ਜਿਥੇ ਪੂਰੀ ਦੁਨੀਆ ਇਸ ਮਹਾਂਮਾਰੀ ਨਾਲ ਜੂਝ ਰਹੀ ਹੈ ਉਥੇ ਇਸ ਔਖੀ ਘੜੀ ’ਚ ਮੁੱਢਲੀ ਕਤਾਰ ’ਚ ਹੋ ਕੇ ਪ੍ਰਸ਼ਾਸਨਿਕ ਅਧਿਕਾਰੀਆਂ, ਡਾਕਟਰ, ਪੁਲਿਸ ਕਰਮੀ, ਸਫਾਈ ਸੇਵਕਾਂ ਅਤੇ ਹੋਰ ਅਧਿਕਾਰੀ ਜੋ ਬਾਖੂਬੀ ਆਪਣੀ ਡਿਊਟੀ ਦਿਨ ਰਾਤ ਨਿਭਾਅ ਰਹੇ ਹਨ ਉਨਾਂ ਨੂੰ ਸਮਰਪਿਤ ਗੀਤ “ਹੈ ਕਰੋਨਾ ਨੂੰ ਹਰਾਨਾ” ਅੱਜ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਯੂ-ਟਿਊਬ ’ਤੇ ਰਿਲੀਜ਼ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਗੀਤ ਕੋਰੋਨਾ ਵਾਇਰਸ ਨੂੰ ਹਰਾਉਣ ਲਈ ਤਨਦੇਹੀ ਨਾਲ ਡਿਊਟੀ ਕਰ ਰਹੇ ਅਧਿਕਾਰੀਆਂ ਅੰਦਰ ਉਤਸ਼ਾਹ ਭਰੇਗਾ ਅਤੇ ਅਧਿਕਾਰੀ ਹੋਰ ਜਿੰਮੇਵਾਰੀ ਨਾਲ ਡਿਊਟੀ ਨੂੰ ਨੇਪਰੇ ਚੜਾਉਣਗੇ। ਇਸ ਮੌਕੇ ਰਾਕੇਸ਼ ਨਾਗਪਾਲ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਰੋਨਾ ਨੂੰ ਹਰਾਨਾ ਗੀਤ ਪ੍ਰਸ਼ਾਸਨਿਕ ਅਧਿਕਾਰੀਆਂ, ਡਾਕਟਰਾਂ, ਪੁਲਿਸ ਕਰਮੀਆਂ, ਸਫਾਈ ਸੇਵਕਾਂ ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਕੋਵਿਡ ਦੌਰਾਨ ਨਿਭਾਈ ਗਈ ਅਹਿਮ ਭੂਮਿਕਾ ਨੂੰ ਸਮਰਪਿਤ ਹੈ। ਉਨਾਂ ਕਿਹਾ ਕਿ ਇਸ ਗੀਤ ਨਾਲ ਉਨਾਂ ਅੰਦਰ ਹੋਰ ਜਜਬਾ ਪੈਦਾ ਹੋਵੇਗਾ ਅਤੇ ਉਨਾਂ ਦੀ ਹੌਸਲਾ ਅਫਜਾਈ ਵੀ ਹੋਵੇਗੀ। ਉਨਾਂ ਕਿਹਾ ਕਿ ਕੋਵਿਡ ਨੂੰ ਹਰਾਉਣ ਲਈ ਸਾਨੂੰ ਸਭ ਨੂੰ ਜਾਰੀ ਸਾਵਧਾਨੀਆਂ ਦੀ ਪਾਲਣਾ ਕਰਨੀ ਪਵੇਗੀ। ਉਨਾਂ ਕਿਹਾ ਕਿ ਹਰੇਕ ਵਿਅਕਤੀ ਮਾਸਕ ਜ਼ਰੂਰ ਪਾਵੇ, ਇਕਠ ਵਾਲੀ ਜਗਾਂ ’ਤੇ ਸਮਾਜਿਕ ਦੂਰੀ ਬਣਾਈ ਰੱਖੇ ਅਤੇ ਕਿਸੇ ਚੀਜ ਨੂੰ ਛੂਹਣ ਤੋਂ ਪਹਿਲਾਂ ਤੇ ਬਾਅਦ ਵਿੱਚ ਹੈਂਡ ਸੈਨੇਟਾਈਜ਼ਰ ਜਾਂ ਸਾਬਣ ਨਾਲ ਹੱਥ ਜ਼ਰੂਰ ਧੋਵੇ।

ਇਸ ਮੌਕੇ ਗੀਤ ਦੇ ਨਿਰਮਾਤਾ ਤੇ ਨਿਰਦੇਸ਼ਕ ਅਮ੍ਰਿਤ ਸਚਦੇਵਾ ਅਤੇ ਪਾਰਸ ਕਟਾਰੀਆ ਨੇ ਦੱਸਿਆ ਕਿ ਇਸ ਗੀਤ ਨੂੰ ਸੰਜੀਵ ਸ਼ਰਮਾ ਤੇ ਅਨੁਸ਼ਕਾ ਕੱਕੜ ਨੇ ਗਾਇਆ ਹੈ। ਇਸ ਗੀਤ ਨੂੰ ਸਮਾਜ ਸੇਵੀ ਤੇ ਰਾਬਿਨਹੁਡ ਆਰਮੀ ਦੇ ਸੰਯੋਜਕ ਆਨੰਦ ਜੈਨ ਤੇ ਗੀਤਕਾਰ ਸੀਪਾ ਲੋਹਾਰ ਨੇ ਲਿਖਿਆ ਹੈ। ਇਸ ਗੀਤ ਨੂੰ ਸਫਲ ਬਣਾਉਣ ਲਈ ਹਰਸ਼ ਜੁਨੇਜਾ, ਜਗਦੀਸ਼ ਕੁਮਾਰ, ਪੰਕਜ, ਸ਼ਿਵਮ ਮਦਾਨ ਨੇ ਅਹਿਮ ਰੋਲ ਨਿਭਾਇਆ ਹੈ। ਉਨਾਂ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਗੀਤ ਰਾਹੀਂ ਲੋਕ ਕੋਰੋਨਾ ਵਾਇਰਸ ਦੀ ਮਹਾਂਮਾਰੀ ਤੋਂ ਹੋਰ ਜਾਗਰੂਕ ਹੋਣ ਅਤੇ ਸਾਵਧਾਨੀਆਂ ਨੂੰ ਵਰਤੋਂ ਵਿੱਚ ਲਿਆਉਣ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਵੱਖ-ਵੱਖ ਗਤੀਵਿਧੀਆਂ ਅਤੇ ਦਾਖਿਲੇ ਦੇ ਵਾਧੇ ਨੂੰ ਲੈ ਕੇ ਜ਼ਿਲਾ ਸਿਖਿਆ ਅਫਸਰ ਸੈਕੰਡਰੀ ਵੱਲੋਂ
ਸਕੂਲ ਮੁਖੀਆਂ ਨਾਲ ਕੀਤੀ ਵੈਬ ਮੀਟਿੰਗ

ਫ਼ਾਜ਼ਿਲਕਾ, 21 ਜੁਲਾਈ

ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਕੋਵਿਡ-19 ਦੀ ਮਹਾਂਮਾਰੀ ਦੌਰਾਨ ਆਪਣੇ ਵਿਸ਼ੇਸ਼ ਪ੍ਰੋਗਰਾਮ ਉਲੀਕ ਕੇ ਹਰੇਕ ਵਿਦਿਆਰਥੀ ਤੱਕ ਪੜਾਈ ਅਤੇ ਹੋਰ ਗਤੀਵਿਧੀਆਂ ਨੂੰ ਲੈ ਕੇ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲਾ ਸਿੱਖਿਆ ਅਫ਼ਸਰ ਡਾ. ਤ੍ਰਿਲੋਚਨ ਸਿੰਘ ਸਿੱਧੂ ਨੇ ਦੱਸਿਆ ਕਿ ਕਾਫੀ ਲੰਬੇ ਸਮੇਂ ਤੋਂ ਕੋਵਿਡ ਮਹਾਂਮਾਰੀ ਕਰਕੇ ਜਿਥੇ

ਸਕੂਲ ਵਿਖੇ ਵਿਦਿਆਰਥੀ ਨਹੀਂ ਆ ਸਕਦੇ ਉਥੇ ਇਸ ਸਮੱਸਿਆ ਦੇ ਹਲ ਲਈ ਸਕੱਤਰ ਸਕੂਲ ਸਿਖਿਆ ਿਸ਼ਨ ਕੁਮਾਰ ਨੇ ਬਹੁਤ ਹੀ ਸ਼ਲਾਘਾ ਯੋਗ ਉਪਰਾਲਾ ਕਰਕੇ ਜਿਥੇ ਵੱਖ-ਵੱਖ ਮੀਡੀਆ ਐਪਸ ਅਤੇ ਟੀ.ਵੀ. ਚੈਨਲਸ ਰਾਹੀਂ ਹਰੇਕ ਵਿਦਿਆਰਥ ਤੱਕ ਵਿਸ਼ੇਵਾਰ ਹਰ ਰੋਜ ਪੜਾਉਣ ਦਾ ਸਫਲ ਉਪਰਾਲਾ ਕੀਤਾ ਉਥੇ ਹੀ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਪ੍ਰੀਖਿਆਵਾਂ ਦੇ ਆਨਲਾਈਨ ਸੰਚਾਲਨ ਦੇ ਵਧੀਆ ਨਤੀਜਿਆਂ ਨੂੰ ਦੇਖਦੇ ਹੋਏ ਮਾਪਿਆਂ ਵਿੱਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦਾ ਰੁਝਾਨ ਵਧਿਆ ਹੈ।

ਇਸ ਸੰਬਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲਾ ਸਿਖਿਆ ਅਫਸਰ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਦਾਖਲੇ ਸਬੰਧੀ ਹੋਰ ਗਤੀਵਿਧੀਆਂ ਅਤੇ ਆਨਲਾਈਨ ਪੜਾਈ ਮੌਕੇ ਕੋਈ ਮੁਸ਼ਕਲ ਪੇਸ਼ ਨਾ ਆਵੇ, ਇਸ ਨੂੰ ਲੈ ਕੇ ਜ਼ਿਲਾ ਦੇ ਸਮੂਹ ਸਕੂਲ ਅਤੇ ਅਧਿਆਪਕਾਂ ਨਾਲ ਪੜਾਅਵਾਰ ਵੈਬ ਮੀਟਿੰਗ ਕਰਕੇ ਵਿਭਾਗ ਦੇ ਹਰ ਉਪਰਾਲੇ ਤੋਂ ਜਾਣੂੰ ਕਰਵਾਇਆ ਜਾ ਰਿਹਾ ਤਾਂ ਕਿ ਇਨਾਂ ਦੇ ਮਾਧਿਅਮ ਰਾਹੀਂ ਵਿਦਿਆਰਥੀਆਂ ਤੱਕ ਹਰ ਸੂਚਨਾ ਪੁਜਦੀ ਕੀਤੀ ਜਾ ਸਕੇ ਅਤੇ ਸਰਕਾਰੀ ਸਕੂਲਾਂ ਦੇ ਹਰ ਪੱਖ ਤੋਂ ਬਿਹਤਰ ਤਰੀਕੇ ਨਾਲ ਦਾਖਲਾ ਸਰਕਾਰੀ ਸਕੂਲਾਂ ਵਿਚ ਕਰਵਾਉਣ ਲਈ ਪ੍ਰੇਰਿਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਸੁਝਾਅ ਵੀ ਲਏ ਗਏ। ਮੀਟਿਗ ਵਿੱਚ ਸਿਖਿਆ ਬਲਾਕ ਫਾਜਿਲਕਾ-1 ਅਤੇ ਗੁਰੂਹਰਸਹਾਇਕ-3 ਦੇ ਸਮੂਹ ਮੁਖੀ ਅਤੇ ਅਧਿਆਪਕ ਸ਼ਾਮਿਲ ਹੋਏ।

ਇਸ ਮੌਕੇ ਡਿਪਟੀ ਡੀ.ਈ.ਓ ਬ੍ਰਿਜਮੋਹਨ ਸਿੰਘ ਬੇਦੀ, ਮਨੋਜ ਗੁਪਤਾ ਅਤੇ ਸੁਰਿੰਦਰ ਕੁਮਾਰ ਮੋਜੂਦ ਸਨ।